# खालसा कालेज में कल से अंतर स्कूल मुकाबले करवाए जाएंगे

संवाद सहयोगी, आनंदपुर साहिब: श्री गुरु तेग बहादुर खालसा कालेज आनंदपुर साहिब में 17 जनवरी से अंतर स्कूल मुकाबले करवाए जा रहे है। प्रिंसिपल डा. जसवीर सिंह ने बताया कि विद्यार्थियों की प्रतिभा को निखारने के उद्देश्य से अंतर स्कूल मुकाबले करवाए जा रहे हैं। इसमें एसजीपीसी के मुख्य वक्ता भाई अमरजीत सिंह चावला और जिला शिक्षा अफसर प्रेम कुमार मित्तल विशेष मेहमान होंगे। सभ्याचारक व साहित्यिक मुकाबले जैसे कि ग्रुप शबद, रंगोली बनाना, भाषण प्रतियोगिता, माडल मेकिंग, पोस्टर मेकिंग, लेख लिखित, कविता उच्चारण, दस्तारबंदी और सभ्याचारक क्विज और स्पोर्ट्स मुकाबले करवाए जाएंगे। प्रिंसिपल ने विभिन्न स्कूलों के प्रमुखों और अध्यापक को अपील की कि विद्यार्थियों को इन मुकाबलों में भाग लेने के लिए प्रेरित करें। डा. जसवीर सिंह ने बताया कि मुकाबलों में विजेता और शामिल होने वाले विद्यार्थियों को इनाम देकर सम्मानित किया जाएगा।



प्रिंसिपल डा. जसवीर सिंह • जागरण

Scanned with CamScanner

# ਖ਼ਾਲਸਾ ਕਾਲਜ ਵਿਖੇ 17 ਜਨਵਰੀ ਤੋਂ ਕਰਵਾਏ ਜਾ ਰਹੇ ਨੇ ਅੰਤਰ ਸਕੂਲ ਮੁਕਾਬਲੇ-ਪ੍ਰਿੰਸੀਪਲ ਡਾ. ਜਸਵੀਰ ਸਿੰਘ

## ਸਕੂਲਾਂ ਦੇ ਵਿਦਿਆਰਥੀਆਂ ਵਿਚ ਮੁਕਾਬਲਿਆਂ ਪ੍ਰਤੀ ਭਾਰੀ ਉਤਸ਼ਾਹ



ਪ੍ਰਿੰਸੀਪਲ ਡਾ. ਜਸਵੀਰ ਸਿੰਘ।

ਸ੍ਰੀ ਅਨੰਦਪੁਰ ਸਾਹਿਬ, 15 ਜਨਵਰੀ (ਕਰਨੈਲ ਸਿੰਘ ਸੈਣੀ, ਜੇ.ਐਸ.ਨਿੱਕੂਵਾਲ)- ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਵਿਖੇ 17 ਜਨਵਰੀ ਤੋਂ ਅੰਤਰ ਸਕੂਲ ਮੁਕਾਬਲੇ ਕਰਵਾਏ ਜਾ ਰਹੇ। ਇਸ ਸਬੰਧੀ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਦੱਸਿਆ ਕਿ ਕਾਲਜ ਵਲੋਂ ਵਿਦਿਆਰਥੀਆਂ ਦੇ ਹੁਨਰ ਨੂੰ ਨਿਖਾਰਨ ਦੇ ਮੰਤਵ ਨਾਲ ਅੰਤਰ ਸਕੂਲ ਮੁਕਾਬਲੇ ਕਰਵਾਏ ਜਾ ਰਹੇ ਹਨ। ਜਿਸ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਬੁਲਾਰੇ ਭਾਈ ਅਮਰਜੀਤ ਸਿੰਘ ਚਾਵਲਾ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰੇਮ ਕੁਮਾਰ ਮਿੱਤਲ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਿਲ ਹੋਣਗੇ। ਉਨ੍ਹਾਂ ਦੱਸਿਆ ਕਿ ਇਹਨਾਂ ਮੁਕਾਬਲਿਆਂ ਵਿਚ ਵੱਖ-ਵੱਖ ਸੱਭਿਆਚਾਰਕ, ਸਾਹਿਤਿਕ ਮੁਕਾਬਲੇ ਜਿਵੇਂ ਕਿ ਗਰੁੱਪ ਸ਼ਬਦ, ਰੰਗੋਲੀ ਬਣਾਉਣਾ, ਭਾਸ਼ਣ ਪ੍ਰਤੀਯੋਗਤਾ, ਮਾਡਲ ਬਣਾਉਣਾ, ਪੋਸਟਰ ਬਣਾਉਣਾ, ਲੇਖ ਲਿਖਣ, ਕਵਿਤਾ ਉਚਾਰਨ, ਦਸਤਾਰਬੰਦੀ ਤੇ ਸਭਿਆਚਾਰਕ ਕੁਇਜ਼ ਅੰਤੇ ਖੇਡ ਮੁਕਾਬਲਿਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਲਾਕੇ ਦੀਆਂ ਸਾਰੀਆਂ ਵਿੱਦਿਅਕ ਸੰਸਥਾਵਾਂ ਵਲੋਂ ਹਰ ਵਾਰ ਇਨ੍ਹਾਂ ਮੁਕਾਬਲਿਆਂ ਨੂੰ ਨੇਪਰੇ ਚਾੜ੍ਹਨ ਲਈ ਅਤੇ ਵਿਦਿਆਰਥੀਆਂ ਵਿਚ ਨਵੀਂ ਊਰਜਾ ਭਰਨ ਲਈ ਭਰਪੂਰ ਯੋਗਦਾਨ ਦਿੱਤਾ ਜਾਂਦਾ ਹੈ। ਉਨ੍ਹਾਂ ਨੇ ਵੱਖ-ਵੱਖ ਸਕੂਲਾਂ ਦੇ ਮੁਖੀਆਂ ਅਤੇ ਅਧਿਆਪਕ ਸਾਹਿਬਾਨਾਂ ਨੂੰ ਅਪੀਲ ਕੀਤੀ ਕਿ ਉਹ ਵਿਦਿਆਰਥੀਆਂ ਨੂੰ ਵੱਧ ਚੜ੍ਹ ਕੇ ਇਹਨਾਂ ਮੁਕਾਬਲਿਆਂ ਵਿਚ ਭਾਗ ਲੈਣ ਲਈ ਪ੍ਰੇਰਿਤ ਕਰਨ ਤਾਂ ਜੋ ਉਹ ਆਪਣੇ ਅੰਦਰ ਲੁਕੀ ਪ੍ਰਤਿਭਾ ਅਤੇ ਹੁਨਰ ਦਾ ਪ੍ਰਗਟਾਵਾ ਕਰਕੇ ਆਪਣਾ, ਆਪਣੇ ਮਾਪਿਆਂ, ਅਧਿਆਪਕ ਅਤੇ ਇਲਾਕੇ ਦਾ ਨਾਂ ਰੌਸ਼ਨ ਕਰ ਸਕਣ।

Scanned with CamScanner

# ਖਾਲਸਾ ਕਾਲਜ ਵਿਖੇ ਅੰਤਰ ਸਕੂਲ ਮੁਕਾਬਲੇ 17 ਤੋਂ

ਸ੍ਰੀ ਅਨੰਦਪੁਰ ਸਾਹਿਬ, 15 ਜਨਵਰੀ (ਦਲਜੀਤ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ 17 ਜਨਵਰੀ ਤੋਂ ਅੰਤਰ ਸਕੂਲ ਮੁਕਾਬਲੇ ਕਰਵਾਏ ਜਾ ਰਹੇ ਹਨ। ਇਸ ਸੰਬੰਧੀ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਲਜ ਵੱਲੋਂ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਦੇ ਮੰਤਵ ਨਾਲ ਅੰਤਰ ਸਕੂਲ ਮੁਕਾਬਲੇ ਕਰਵਾਏ ਜਾ ਰਹੇ ਹਨ ਜਿਸ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਬੁਲਾਰੇ ਭਾਈ ਅਮਰਜੀਤ ਸਿੰਘ ਚਾਵਲਾ ਅਤੇ ਪ੍ਰੇਮ ਕੁਮਾਰ ਮਿੱਤਲ (ਜ਼ਿਲਾ ਸਿੱਖਿਆ ਅਫ਼ਸਰ, ਰੂਪਨਗਰ) ਵਿਸ਼ੇਸ਼ ਮਹਿਮਾਨਾਂ ਵੱਜੋਂ ਸ਼ਾਮਲ ਹੋਣਗੇ।

ਉਨ੍ਹਾਂ ਦੱਸਿਆ ਕਿ ਹਰ ਵਾਰ ਦੀ ਤਰ੍ਹਾਂ ਇਸ ਸਾਲ ਵੀ ਇਲਾਕੇ ਦੇ ਸਕੂਲਾਂ ਦੇ ਸਹਿਯੋਗ ਨਾਲ ਇਹ ਅੰਤਰ ਸਕੂਲ ਮੁਕਾਬਲੇ ਕਰਵਾਏ ਜਾ ਰਹੇ ਹਨ ਜਿਨ੍ਹਾਂ 'ਚ ਵੱਖ-ਵੱਖ ਸੱਭਿਆਚਾਰਕ, ਸਾਹਿਤਕ ਮੁਕਾਬਲੇ ਜਿਵੇਂ ਕਿ ਗਰੁੱਪ ਸ਼ਬਦ, ਰੰਗੋਲੀ ਬਣਾਉਣਾ, ਭਾਸ਼ਣ ਪ੍ਰਤਿਯੋਗਤਾ, ਮਾਡਲ ਮੇਕਿੰਗ, ਪੋਸਟਰ ਮੇਕਿੰਗ, ਲੇਖ ਲਿਖਣ, ਕਵਿਤਾ ਉਚਾਰਨ, ਦਸਤਾਰਬੰਦੀ ਅਤੇ ਸੱਭਿਆਚਾਰਕ ਕੁਇੱਜ਼ ਅਤੇ ਸਪੋਰਟਸ ਮੁਕਾਬਲਿਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਲਾਕੇ ਦੀਆਂ ਸਾਰੀਆਂ ਵਿੱਦਿਅਕ ਸੰਸਥਾਵਾਂ ਵੱਲੋਂ ਹਰ ਵਾਰ ਇਨ੍ਹਾਂ ਮੁਕਾਬਲਿਆਂ ਨੂੰ ਨੇਪਰੇ ਚਾੜ੍ਹਨ ਲਈ ਅਤੇ ਵਿਦਿਆਰਥੀਆਂ 'ਚ ਨਵੀਂ ਊਰਜਾ ਭਰਨ ਲਈ ਭਰਪੂਰ ਯੋਗਦਾਨ ਦਿੱਤਾ ਜਾਂਦਾ ਹੈ।

ਪ੍ਰਿੰਸੀਪਲ ਨੇ ਵੱਖ-ਵੱਖ ਸਕੂਲਾਂ ਦੇ ਮੁਖੀਆਂ ਅਤੇ ਅਧਿਆਪਕ ਸਾਹਿਬਾਨਾਂ ਨੂੰ ਅਪੀਲ ਕੀਤੀ ਕਿ ਉਹ ਵਿਦਿਆਰਥੀਆਂ ਨੂੰ ਵੱਧ ਚੜ੍ਹ ਕੇ ਇਨ੍ਹਾਂ ਮੁਕਾਬਲਿਆਂ 'ਚ ਭਾਗ ਲੈਣ ਲਈ ਪ੍ਰੇਰਿਤ ਕਰਨ ਤਾਂ ਜੋ ਉਹ ਆਪਣੇ ਅੰਦਰ ਛੁਪੀ ਪ੍ਰਤਿਭਾ ਅਤੇ ਹੁਨਰ ਦਾ ਪ੍ਰਗਟਾਵਾ ਕਰਕੇ ਆਪਣਾ, ਆਪਣੇ ਮਾਪਿਆਂ, ਅਧਿਆਪਕਾਂ ਅਤੇ ਇਲਾਕੇ ਦਾ ਨਾਂ ਰੌਸ਼ਨ ਕਰ ਸਕਣ। ਡਾ. ਜਸਵੀਰ ਸਿੰਘ ਨੇ ਦੱਸਿਆ ਕਿ ਮੁਕਾਬਲਿਆਂ 'ਚ ਜੇਤੂ ਅਤੇ ਸ਼ਮੂਲੀਅਤ ਕਰਨ ਵਾਲੇ ਵਿਦਿਆਰਥੀਆਂ ਨੂੰ ਖਾਲਸਾ ਕਾਲਜ ਵੱਲੋਂ ਇਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

Scanned with CamScanner